**ਸਾਜਨ ਆਇ ਵੁਠੇ ਘਰ ਮਾਹੀ ॥ ਹਰਿ ਗੁਣ ਗਾਵਹਿ ਤ੍ਰਿਪਤਿ ਅਘਾਹੀ ॥ ਹਰਿ ਗੁਣ ਗਾਇ ਸਦਾ ਤ੍ਰਿਪਤਾਸੀ ਫਿਰਿ ਭੂਖ ਨ ਲਾਗੈ ਆਏ ॥ ਦਹ ਦਿਸਿ ਪੂਜ ਹੋਵੈ ਹਰਿ ਜਨ ਕੀ ਜੋ ਹਰਿ ਹਰਿ ਨਾਮੁ ਧਿਆਏ ॥ ਨਾਨਕ ਹਰਿ ਆਪੇ ਜੋੜਿ ਵਿਛੋੜੇ ਹਰਿ ਬਿਨੁ ਕੋ ਦੂਜਾ ਨਾਹੀ ॥ ਸਾਜਨ ਆਇ ਵੁਠੇ ਘਰ ਮਾਹੀ ॥੪॥੧॥** {ਪੰਨਾ 768}

ਪਦਅਰਥ:- ਸਾਜਨ—ਸੱਜਣ ਪ੍ਰਭੂ ਜੀ। ਵੁਠੇ—ਵੱਸ ਪਏ। ਘਰ—ਹਿਰਦਾ-ਘਰ। ਗਾਵਹਿ—ਗਾਂਦੇ ਹਨ। ਤ੍ਰਿਪਤਿ—ਸੰਤੋਖ। ਅਘਾਹੀ—ਅਘਾਹਿ, ਰੱਜ ਜਾਂਦੇ ਹਨ। ਤ੍ਰਿਪਤਾਸੀ—(ਜੇਹੜੀ ਜਿੰਦ) ਤ੍ਰਿਪਤ ਹੋ ਗਈ, ਰੱਜ ਗਈ। ਨ ਲਾਗੈ—ਨਹੀਂ ਚੰਬੜਦੀ। ਆਏ—ਆਇ, ਆ ਕੇ। ਦਹ ਦਿਸਿ—ਦਸੀਂ ਪਾਸੀਂ, ਹਰ ਥਾਂ। ਪੂਜ—ਇੱਜ਼ਤ। ਨਾਨਕ—ਹੇ ਨਾਨਕ! ਆਪੇ—ਆਪ ਹੀ। ਜੋੜਿ—(ਮਾਇਆ ਵਿਚ) ਜੋੜ ਕੇ। ਵਿਛੋੜੇ—(ਆਪਣੇ ਚਰਨਾਂ ਨਾਲੋਂ) ਵਿਛੋੜਦਾ ਹੈ।4।

ਅਰਥ:- ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ-ਘਰ ਵਿਚ ਸੱਜਣ ਪ੍ਰਭੂ ਜੀ ਆ ਵੱਸਦੇ ਹਨ, ਉਹ ਮਨੁੱਖ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਮਾਇਆ ਵਲੋਂ ਉਹਨਾਂ ਨੂੰ ਸੰਤੋਖ ਆ ਜਾਂਦਾ ਹੈ, ਉਹ ਰੱਜ ਜਾਂਦੇ ਹਨ।

ਹੇ ਭਾਈ! ਜੇਹੜੀ ਜਿੰਦ ਸਦਾ ਪ੍ਰਭੂ ਦੇ ਗੁਣ ਗਾ ਗਾ ਕੇ (ਮਾਇਆ ਵਲੋਂ) ਤ੍ਰਿਪਤ ਹੋ ਜਾਂਦੀ ਹੈ, ਉਸ ਨੂੰ ਮੁੜ ਮਾਇਆ ਦੀ ਭੁੱਖ ਆ ਕੇ ਨਹੀਂ ਚੰਬੜਦੀ। ਜੇਹੜਾ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ, ਉਸ ਸੇਵਕ ਦੀ ਹਰ ਥਾਂ ਇੱਜ਼ਤ ਹੁੰਦੀ ਹੈ।

ਹੇ ਨਾਨਕ! ਪਰਮਾਤਮਾ ਆਪ ਹੀ (ਕਿਸੇ ਨੂੰ ਮਾਇਆ ਵਿਚ) ਜੋੜ ਕੇ (ਆਪਣੇ ਚਰਨਾਂ) ਨਾਲੋਂ ਵਿਛੋੜਦਾ ਹੈ। ਪਰਮਾਤਮਾ ਤੋਂ ਬਿਨਾ ਹੋਰ (ਐਸੀ ਸਮਰਥਾ ਵਾਲਾ) ਨਹੀਂ ਹੈ। (ਜਿਸ ਉਤੇ ਮੇਹਰ ਕਰਦੇ ਹਨ) ਉਸ ਦੇ ਹਿਰਦੇ-ਘਰ ਵਿਚ ਸੱਜਣ ਪ੍ਰਭੂ ਜੀ ਆ ਨਿਵਾਸ ਕਰਦੇ ਹਨ।4।1।